

# Tav Prasad Savaiye

by Guru Gobind Singh

Distributed by SikhNet.com

ੴ ਵਾਹਿਗੁਰੂ ਜੀ ਕੀ ਫਤਹ ॥
ਪਾਤਿਸ਼ਾਹੀ ੧੦॥
ਤ੍ਵ ਪ੍ਰਸਾਦਿ ਸਵੱਯੇ

ਸ੍ਰਾਵਗ ਸੁੱਧ ਸਮੂਹ ਸਿਧਾਨ ਕੇ ਦੇਖਿ ਫਿਰਿਓ ਘਰ ਜੋਗ ਜਤੀ ਕੇ ॥ ਸੂਰ ਸੁਰਾਰਦਨ ਸੁੱਧ ਸੁਧਾਦਿਕ ਸੰਤ ਸਮੂਹ ਅਨੇਕ ਮਤੀ ਕੇ ॥ ਸਾਰੇ ਹੀ ਦੇਸ ਕੋ ਦੇਖਿ ਰਹਿਓ ਮਤ ਕੋਊ ਨ ਦੇਖੀਅਤ ਪ੍ਰਾਨਪਤੀ ਕੇ ॥ ਸ੍ਰੀ ਭਗਵਾਨ ਕੀ ਭਾਇ ਕ੍ਰਿਪਾ ਹੂ ਤੇ ਏਕ ਰਤੀ ਬਿਨ ਏਕ ਰਤੀ ਕੇ ॥੧॥

ਮਾਤੇ ਮਤੰਗ ਜਰੇ ਜਰ ਸੰਗ ਅਨੂਪ ਉਤੰਗ ਸੁਰੰਗ ਸਵਾਰੇ ॥ ਕੋਟ ਤੁਰੰਗ ਕੁਰੰਗ ਸੇ ਕੂਦਤ ਪਉਨ ਕੇ ਗਉਨ ਕੋ ਜਾਤ ਨਿਵਾਰੇ ॥ ਭਾਰੀ ਭੁਜਾਨ ਕੇ ਭੂਪ ਭਲੀ ਬਿਧਿ ਨਿਆਵਤ ਸੀਸ ਨ ਜਾਤ ਬਿਚਾਰੇ ॥ ਏਤੇ ਭਏ ਤੁ ਕਹਾ ਭਏ ਭੂਪਤਿ ਅੰਤ ਕੌ ਨਾਂਗੇ ਹੀ ਪਾਂਇ ਪਧਾਰੇ ॥੨॥

ਜੀਤ ਫਿਰੈ ਸਭ ਦੇਸ ਦਿਸਾਨ ਕੋ ਬਾਜਤ ਢੋਲ ਮ੍ਰਿਦੰਗ ਨਗਾਰੇ ॥ ਗੁੰਜਤ ਗੂੜ ਗਜਾਨ ਕੇ ਸੁੰਦਰ ਹਿੰਸਤ ਹੀ ਹਯਰਾਜ ਹਜਾਰੇ ॥

ਭੂਤ ਭਵਿੱਖ ਭਵਾਨ ਕੇ ਭੂਪਤ ਕਉਨ ਗਨੈ
ਨਹੀਂ ਜਾਤ ਬਿਚਾਰੇ ॥ ਸ੍ਰੀ ਪਤਿ ਸ੍ਰੀ ਭਗਵਾਨ
ਭਜੇ ਬਿਨੁ ਅੰਤ ਕਉ ਅੰਤ ਕੇ ਧਾਮ ਸਿਧਾਰੇ
॥੩॥

ਤੀਰਥ ਨਾਨ ਦਇਆ ਦਮ ਦਾਨ ਸੁ ਸੰਜਮ
ਨੇਮ ਅਨੇਕ ਬਿਸੇਖੈ ॥ ਬੇਦ ਪੁਰਾਨ ਕਤੇਬ
ਕੁਰਾਨ ਜ਼ਮੀਨ ਜ਼ਮਾਨ ਸਬਾਨ ਕੇ ਪੇਖੈ ॥
ਪਉਨ ਅਹਾਰ ਜਤੀ ਜਤ ਧਾਰ ਸਬੈ ਸੁ
ਬਿਚਾਰ ਹਜਾਰ ਕ ਦੇਖੈ ॥ ਸ੍ਰੀ ਭਗਵਾਨ ਭਜੇ
ਬਿਨੁ ਭੂਪਤਿ ਏਕ ਰਤੀ ਬਿਨੁ ਏਕ ਨ ਲੇਖੈ
॥੪॥

ਸੁੱਧ ਸਿਪਾਹ ਦੁਰੰਤ ਦੁਬਾਹ ਸੁ ਸਾਜਿ ਸਨਾਹ ਦੁਰਜਾਨ ਦਲੈਂਗੇ ॥ ਭਾਰੀ ਗੁਮਾਨ ਭਰੇ ਮਨ ਮੈਂ ਕਰ ਪਰਬਤ ਪੰਖ ਹਲੇ ਨ ਹਲੈਂਗੇ ॥ ਤੋਰਿ ਅਰੀਨ ਮਰੋਰਿ ਮਵਾਸਨ ਮਾਤੇ ਮਤੰਗਨਿ ਮਾਨ ਮਲੈਂਗੇ ॥ਸ੍ਰੀ ਪਤਿ ਸ੍ਰੀ ਭਗਵਾਨ ਕ੍ਰਿਪਾ ਬਿਨੁ ਤਿਆਗਿ ਜਹਾਨ ਨਿਦਾਨ ਚਲੈਂਗੇ ॥੫॥

ਬੀਰ ਅਪਾਰ ਬਡੇ ਬਰਿਆਰ ਅਬਿਚਾਰਹਿ ਸਾਰ ਕੀ ਧਾਰ ਭਛੱਯਾ ॥ ਤੋਰਤ ਦੇਸ ਮਲਿੰਦ ਮਵਾਸਨ ਮਾਤੇ ਗਜਾਨ ਕੇ ਮਾਨ ਮਲੱਯਾ ॥ ਗਾੜ੍ਹੇ ਗੜ੍ਹਾਨ ਕੇ ਤੋੜਨਹਾਰ ਸੁ ਬਾਤਨ ਹੀਂ ਚਕ ਚਾਰ ਲਵੱਯਾ ॥

ਸਾਹਿਬ੍ਰ ਸ੍ਰੀ ਸਭ ਕੋ ਸਿਰਨਾਇਕ ਜਾਚਕ ਅਨੇਕ ਸੁ ਏਕ ਦਿਵੱਯਾ ॥੬॥

ਦਾਨਵ ਦੇਵ ਫਨਿੰਦ ਨਿਸਾਚਰ ਭੂਤ ਭਵਿੱਖ ਭਵਾਨ ਜਪੈਂਗੇ ॥ ਜੀਵ ਜਿਤੇ ਜਲ ਮੈ ਥਲ ਮੈ ਪਲ ਹੀ ਪਲ ਮੈ ਸਭ ਥਾਪ ਥਪੈਂਗੇ ॥ ਪੁੰਨ ਪ੍ਰਤਾਪਨ ਬਾਢ ਜੈਤ ਧੁਨ ਪਾਪਨ ਕੇ ਬਹੁ ਪੁੰਜ ਖਪੈਂਗੇ ॥ ਸਾਧ ਸਮੂਹ ਪ੍ਰਸੰਨ ਫਿਰੈ ਜਗ ਸਤ੍ਰ ਸਭੈ ਅਵਲੋਕ ਚਪੈਂਗੇ ॥੭॥

ਮਾਨਵ ਇੰਦ੍ਰ ਗਜਿੰਦ੍ਰ ਨਰਾਧਪ ਜੌਨ ਤ੍ਰਿਲੋਕ ਕੋ ਰਾਜ ਕਰੈਂਗੇ ॥

ਕੋਟਿ ਇਸਨਾਨ ਗਜਾਦਿਕ ਦਾਨ ਅਨੇਕ ਸੁਅੰਬਰ ਸਾਜ ਬਰੈਂਗੇ ॥ ਬ੍ਰਹਮ ਮਹੇਸਰ ਬਿਸਨ ਸਚੀਪਤਿ ਅੰਤ ਫਸੇ ਜਮ ਫਾਸ ਪਰੈਂਗੇ ॥ ਜੇ ਨਰ ਸ੍ਰੀ ਪਤਿ ਕੇ ਪ੍ਰਸ ਹੈਂ ਪਗ ਤੇ ਨਰ ਫੇਰ ਨ ਦੇਹ ਧਰੈਂਗੇ ॥੮॥

ਕਹਾ ਭਯੋ ਜੋ ਦੋਊ ਲੋਚਨ ਮੂੰਦ ਕੈ ਬੈਠਿ ਰੋਹਓ ਬਕ ਧਿਆਨ ਲਗਾਇਓ ॥ ਨ੍ਹਾਤ ਫਿਰਿਓ ਲੀਏ ਸਾਤ ਸਮੁਦ੍ਰਨਿ ਲੋਕ ਗਯੋ ਪਰਲੋਕ ਗਵਾਇਓ ॥ ਬਾਸ ਕੀਓ ਬਿਖਿਆਨ ਸੋ ਬੈਠ ਕੈ ਐਸੇ ਹੀ ਐਸੇ ਸੁ ਬੈਸ ਬਿਤਾਇਓ ॥

ਸਾਚੁ ਕਹੋਂ ਸੁਨ ਲੇਹੁ ਸਭੈ ਜਿਨ ਪ੍ਰੇਮ ਕੀਓ
ਤਿਨ ਹੀ ਪ੍ਰਭ ਪਾਇਓ ॥੯॥

ਕਾਹੂ ਲੈ ਪਾਹਨ ਪੂਜ ਧਰਯੋ ਸਿਰ ਕਾਹੂ ਲੈ
ਲਿੰਗ ਗਰੇ ਲਟਕਾਇਓ ॥ ਕਾਹੂ ਲਖਿਓ ਹਰਿ
ਅਵਾਚੀ ਦਿਸਾ ਮਹਿ ਕਾਹੂ ਪਛਾਹ ਕੋ ਸੀਸੁ
ਨਿਵਾਇਓ ॥ ਕੋਊ ਬੁਤਾਨ ਕੋ ਪੂਜਤ ਹੈ ਪਸੁ
ਕੋਊ ਮ੍ਰਿਤਾਨ ਕੋ ਪੂਜਨ ਧਾਇਓ ॥
ਕੂਰ ਕ੍ਰਿਆ ਉਰਝਿਓ ਸਭ ਹੀ ਜਗ ਸ੍ਰੀ
ਭਗਵਾਨ ਕੋ ਭੇਦੁ ਨ ਪਾਇਓ ॥੧੦॥